## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/51-2010 ਅ 3(2) ਕੋ:ਸੈਲ:4
ਮਿਤੀ, ਐਸ.ਏ.ਐਸ.ਨਗਰ :- 08.02.2016

ਸ਼੍ਰੀਮਤੀ ਸੁਖਦੇਵ ਕੌਰ, ਪੰਜਾਬੀ ਮਿਸਟ੍ਰੈਸ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ ਜੋ ਮਿਤੀ 05-07-2004 ਤੋਂ ਹੁਣ ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਵਿਭਾਗ ਦੇ ਹੁਕਮ ਨੰ: 10/51-2010 ਅ 3(2) ਮਿਤੀ 16.07.10/23.09.10 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਸ਼੍ਰੀਮਤੀ ਸੁਖਦੇਵ ਕੌਰ, ਪੰਜਾਬੀ ਮਿਸਟ੍ਰੈਸ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਵਿਭਾਗ ਦੇ ਹੁਕਮ ਨੰ: 10/12-2011 ਅ3(2) ਮਿਤੀ 21.03.2011 ਰਾਂਹੀ ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਹੁਸ਼ਿਆਰਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰਨ ਦੇ ਮਿਤੀ 05-07-2004 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀਮਤੀ ਸੁਖਦੇਵ ਕੌਰ, ਪੰਜਾਬੀ ਮਿਸਟ੍ਰੈਸ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 15.12.15 ਨੂੰ "ਅਜੀਤ ਪੰਜਾਬੀ" ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 16 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸੁਖਦੇਵ ਕੌਰ, ਪੰਜਾਬੀ ਮਿਸਟ੍ਰੈਸ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ ਦੇ ਮਿਤੀ 05-07-2004 ਤੋਂ ਹੁਣ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 32-77-80 ਮਿਤੀ, ਐਸ.ਏ.ਐਸ.ਨਗਰ :- 23/2/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਹੁਸ਼ਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ/ਮੁੱਖਅਧਿਆਪਕ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਸੁਖਦੇਵ ਕੌਰ, ਪੰਜਾਬੀ ਮਿਸਟ੍ਰੈਸ, ਸਮਿਸ ਘੋੜੇਵਾਹਾ, ਜ਼ਿਲ੍ਹਾ ਹੁਸ਼ਿਆਰਪੁਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ